# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :31-08-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਦੇਸ਼ ਨੂੰ ਸਥਾਨਕ ਉਤਪਾਦ ਖ਼ਰੀਦ ਕੇ, ਵੋਕਲ ਫਾਰ ਲੋਕਲ, ਆਤਮ-ਨਿਰਭਰ ਭਾਰਤ ਤੇ ਵਿਕਸਤ ਭਾਰਤ ਨੂੰ ਉਤਸ਼ਾਹਿਤ ਕਰਨ ਦੇ ਮੰਤਰ ਨਾਲ ਅੱਗੇ ਵਧਣਾ ਹੋਵੇਗਾ। ਅੱਜ ਆਕਾਸ਼ਵਾਣੀ 'ਤੇ **ਮਨ ਕੀ ਬਾਤ** ਪ੍ਰੋਗਰਾਮ ਵਿਚ, ਉਨ੍ਹਾਂ ਕਿਹਾ ਕਿ ਤਿਉਹਾਰਾਂ ਦੇ ਦੌਰ ਵਿਚ ਦੇਸ਼ ਵਾਸੀਆਂ ਨੂੰ ਸਵਦੇਸ਼ੀ ਨੂੰ ਧਿਆਨ ਵਿਚ ਰੱਖਣਾ ਚਾਹੀਦਾ ਏ। ਸ੍ਰੀ ਮੋਦੀ ਨੇ ਕਿਹਾ ਕਿ ਸਾਨੂੰ ਸਿਰਫ਼ ਓਹੀ ਤੋਹਫ਼ੇ, ਕੱਪੜੇ ਤੇ ਸਜਾਵਟ ਦਾ ਸਾਮਾਨ ਖ਼ਰੀਦਣਾ ਚਾਹੀਦਾ ਏ, ਜਿਹੜਾ ਕਿ ਭਾਰਤ ਵਿਚ ਬਣਿਆ ਹੋਵੇ। ਪ੍ਰਧਾਨ ਮੰਤਰੀ ਨੇ ਮੋਦੀ ਨੇ ਕਿਹਾ ਕਿ ਤਿਉਹਾਰਾਂ ਦੇ ਜਸ਼ਨ ਦੌਰਾਨ ਸਫਾਈ ਵੱਲ ਖਾਸ ਧਿਆਨ ਦਿੱਤਾ ਜਾਵੇ । ਉਨ੍ਹਾਂ ਅੱਗੇ ਕਿਹਾ ਕਿ ਮੌਨਸੂਨ ਦੇ ਮੌਸਮ ਵਿਚ ਕੁਦਰਤੀ ਆਫ਼ਤਾਂ, ਦੇਸ਼ ਲਈ ਪ੍ਰੀਖਿਆ ਦਾ ਸਮਾਂ ਹੁੰਦੀਆਂ ਨੇ। ਪਿਛਲੇ ਕੁਝ ਹਫ਼ਤਿਆਂ ਵਿਚ ਦੇਸ਼ ਵਿਚ ਹੜ੍ਹਾਂ ਤੇ ਜ਼ਮੀਨ ਖਿਸਕਣ ਕਾਰਨ ਭਾਰੀ ਤਬਾਹੀ ਹੋਈ ਏ। ਇਨ੍ਹਾਂ ਘਟਨਾਵਾਂ ਨੇ ਦੇਸ਼ ਦੇ ਹਰ ਨਾਗਰਿਕ ਨੂੰ ਦੁਖੀ ਕੀਤਾ ਏ ਤੇ ਪ੍ਰਭਾਵਿਤ ਪਰਿਵਾਰਾਂ ਨੇ ਆਪਣੇ ਅਜ਼ੀਜ਼ਾਂ ਨੂੰ ਗੁਆ ਦਿੱਤਾ

ਏ, ਜਿਨ੍ਹਾਂ ਦਾ ਦਰਦ ਸਾਡੇ ਸਾਰਿਆਂ ਦਾ ਸਾਂਝਾ ਦਰਦ ਏ। ਬਚਾਅ ਕਾਰਜਾਂ ਲਈ ਫੌਜੀਆਂ ਨੂੰ ਨਵੀਂ ਤਕਨੀਕ ਮੁਹੱਈਆ ਕਰਵਾਈ ਗਈ ਏ। ਉਨ੍ਹਾਂ ਨੇ ਇਸ ਮੌਕੇ ਦੇਸ਼ ਦੇ ਹਰ ਨਾਗਰਿਕ ਦਾ ਧੰਨਵਾਦ ਕੀਤਾ, ਜਿਸ ਨੇ ਆਫ਼ਤ ਦੀ ਘੜੀ ਵਿਚ ਮਦਦ ਲਈ ਯਤਨ ਕੀਤੇ ਨੇ। Byte...

ਪ੍ਰਧਾਨ ਮੰਤਰੀ ਨੇ ਡਿਜੀਟਲ ਐਪ **ਪ੍ਰਤਿਭਾ ਸੇਤੂ** ਬਾਰੇ ਗੱਲ ਕੀਤੀ, ਜੋ ਕਿ ਉਨ੍ਹਾਂ ਉਮੀਦਵਾਰਾਂ ਦਾ ਡੇਟਾ ਸਟੋਰ ਕਰਦੀ ਏ ਜਿਨ੍ਹਾਂ ਨੇ ਸੰਘ ਲੋਕ ਸੇਵਾ ਆਯੋਗ (ਯੂ.ਪੀ.ਐੱਸ.ਸੀ.) ਦੀਆਂ ਪ੍ਰੀਖਿਆਵਾਂ ਦੇ ਹਰੇਕ ਪੜਾਅ ਨੂੰ ਪਾਸ ਕੀਤਾ ਸੀ ਪਰ ਅੰਤਿਮ ਮੈਰਿਟ ਸੂਚੀ ਵਿਚ ਜਗ੍ਹਾ ਨਹੀਂ ਬਣਾ ਸਕੇ। ਉਨ੍ਹਾਂ ਕਿਹਾ ਕਿ ਇਸ ਪੋਰਟਲ ਰਾਹੀਂ ਪ੍ਰਾਈਵੇਟ ਕੰਪਨੀਆਂ ਇਨ੍ਹਾਂ ਹੋਣਹਾਰ ਵਿਦਿਆਰਥੀਆਂ ਬਾਰੇ ਜਾਣਕਾਰੀ ਪ੍ਰਾਪਤ ਕਰ ਸਕਦੀਆਂ ਨੇ ਅਤੇ ਉਨ੍ਹਾਂ ਨੂੰ ਰੁਜ਼ਗਾਰ ਪ੍ਰਦਾਨ ਕਰ ਸਕਦੀਆਂ ਨੇ।

---------------------------------------------------

ਪੰਜਾਬ ਆਪਣੇ ਇਤਿਹਾਸ ਦੇ ਸਭ ਤੋਂ ਵਿਨਾਸ਼ਕਾਰੀ ਹੜ੍ਹਾਂ ਵਿੱਚੋਂ ਇਕ ਦਾ ਸਾਹਮਣਾ ਕਰ ਰਿਹਾ ਏ । ਇਹ 1988 ਦੇ ਵਿਨਾਸ਼ਕਾਰੀ ਹੜ੍ਹਾਂ ਨਾਲੋਂ ਕਿਤੇ ਜ਼ਿਆਦਾ ਭਿਆਨਕ ਏ । ਹਿਮਾਚਲ ਪ੍ਰਦੇਸ਼ ਅਤੇ ਜੰਮੂ-ਕਸ਼ਮੀਰ ਵਿਚ ਭਾਰੀ ਬਾਰਿਸ਼ ਕਾਰਨ ਹੜ੍ਹਾਂ ਦੇ ਪਾਣੀ ਦਾ ਇਕੱਠਾ ਹੋਣਾ ਪਿਛਲੇ ਸਾਰੇ ਰਿਕਾਰਡਾਂ ਨੂੰ ਪਾਰ ਕਰ ਗਿਆ ਏ, ਜਿਸ ਨਾਲ ਰਾਜ ਦੇ 9

ਜ਼ਿਲ੍ਹਿਆਂ ਵਿਚ ਵਿਆਪਕ ਤਬਾਹੀ ਹੋਈ ਏ। ਸੂਬੇ ਵਿਚ ਪਾਣੀ ਨਾਲ ਭਰੇ ਡੈਮ ਅਤੇ ਲਗਾਤਾਰ ਨਿਯੰਤਰਿਤ ਢੰਗ ਨਾਲ ਪਾਣੀ ਛੱਡੇ ਜਾਣ ਨਾਲ ਸਥਿਤੀ ਹੋਰ ਵਿਗੜ ਰਹੀ ਏ।

*ਇਕ ਰਿਪੋਰਟ –*

*V/C*

*ਪੰਜਾਬ ਦੇ ਜਲ ਸਰੋਤ ਮੰਤਰੀ, ਬਰਿੰਦਰ ਕੁਮਾਰ ਗੋਇਲ ਨੇ ਪੁਸ਼ਟੀ ਕੀਤੀ ਏ ਕਿ ਨਾਲ ਲੱਗਦੇ ਰਾਜਾਂ ਤੋਂ ਪਾਣੀ ਦੇ ਭਾਰੀ ਵਹਾਅ ਨੇ ਸਥਿਤੀ ਨੂੰ ਵੱਡੇ ਪੱਧਰ 'ਤੇ ਤਬਾਹੀ ਵਿਚ ਬਦਲ ਦਿੱਤਾ ਏ।*

*ਹੜ੍ਹਾਂ ਨੇ ਹੁਣ ਤੱਕ ਪੰਜਾਬ ਭਰ ਵਿਚ 1,018 ਪਿੰਡ ਪ੍ਰਭਾਵਿਤ ਕੀਤੇ ਹਨ, ਜਿਨ੍ਹਾਂ ਵਿੱਚੋਂ ਸਭ ਤੋਂ ਵੱਧ 323 ਗੁਰਦਾਸਪੁਰ ਵਿਚ ਨੇ। 60,000 ਹੈਕਟੇਅਰ ਤੋਂ ਵੱਧ ਜ਼ਮੀਨ ਪ੍ਰਭਾਵਿਤ ਹੋਈ ਏ, ਜਿਸ ਕਾਰਨ ਫਸਲਾਂ ਅਤੇ ਪਸ਼ੂਆਂ ਦੇ ਨੁਕਸਾਨ ਕਾਰਨ ਭਾਰੀ ਵਿੱਤੀ ਨੁਕਸਾਨ ਹੋਇਆ ਏ। ਅਧਿਕਾਰਤ ਸੂਤਰਾਂ ਅਨੁਸਾਰ, ਗੁਰਦਾਸਪੁਰ, ਫਿਰੋਜ਼ਪੁਰ, ਫਾਜ਼ਿਲਕਾ, ਕਪੂਰਥਲਾ ਅਤੇ ਅੰਮ੍ਰਿਤਸਰ ਸਮੇਤ ਨੌਂ ਹੜ੍ਹ ਪ੍ਰਭਾਵਿਤ ਜ਼ਿਲ੍ਹਿਆਂ ਵਿੱਚੋਂ ਹੁਣ ਤੱਕ ਕੁੱਲ 11,330 ਲੋਕਾਂ ਨੂੰ ਬਚਾਇਆ ਗਿਆ ਏ। ਪ੍ਰਭਾਵਿਤ ਜ਼ਿਲ੍ਹਿਆਂ ਵਿਚ ਵਿਆਪਕ ਰਾਹਤ ਅਤੇ ਬਚਾਅ ਕਾਰਜ ਜੰਗੀ ਪੱਧਰ 'ਤੇ ਜਾਰੀ*

*ਹਨ, ਜਿਸ ਵਿਚ ਭਾਰਤੀ ਫੌਜ, ਹਵਾਈ ਸੈਨਾ, ਬੀ.ਐਸ.ਐਫ., ਐਨ.ਡੀ.ਆਰ.ਐਫ. ਅਤੇ ਪੰਜਾਬ ਪੁਲਿਸ ਸਮੇਤ ਸਵੈ-ਇੱਛੁਕ ਸੰਗਠਨ ਜਨਤਾ ਦਾ ਪੂਰਾ ਸਾਥ ਦੇ ਰਹੇ ਨੇ। ਪੂਰਾ ਮੰਤਰੀ ਮੰਡਲ, ਸਾਰੇ ਉੱਚ ਨੌਕਰਸ਼ਾਹਾਂ ਦੇ ਨਾਲ ਲੋਕਾਂ ਦੀ ਸੁਰੱਖਿਆ ਲਈ ਨਿਗਰਾਨੀ ਕਰਨ ਅਤੇ ਤੁਰੰਤ ਕਾਰਵਾਈ ਕਰਨ ਲਈ ਪ੍ਰਭਾਵਿਤ ਖੇਤਰਾਂ ਵਿਚ ਹਨ* **।**

--------------------------------------------------------

ਓਧਰ, ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਡੇਰਾ ਬਾਬਾ ਨਾਨਕ ਦਾ ਦੌਰਾ ਕੀਤਾ। ਉਨ੍ਹਾਂ ਨੇ ਹੜ੍ਹ ਪੀੜਤਾਂ ਨਾਲ ਗੱਲਬਾਤ ਕੀਤੀ ਤੇ ਸਿਹਤ ਸਹੂਲਤਾਂ ਦਾ ਜਾਇਜ਼ਾ ਲਿਆ। ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਰੰਧਾਵਾ ਵੀ ਇਸ ਮੌਕੇ ਮੌਜੂਦ ਰਹੇ। ਸਿਹਤ ਮੰਤਰੀ ਨੇ ਇਸ ਇਲਾਕੇ ਦੇ ਹੜ੍ਹ ਪੀੜਤ ਦੋ ਪਰਿਵਾਰਾਂ ਨੂੰ ਗੋਦ ਲਿਆ ਤੇ ਇਕ-ਇਕ ਲੱਖ ਰੁਪਏ ਦੀ ਮਦਦ ਕੀਤੀ। ਕੈਬਨਿਟ ਮੰਤਰੀ ਨੇ ਮੰਤਰੀਆਂ, ਵਿਧਾਇਕਾਂ ਤੇ ਸਮਾਜ ਸੇਵਕਾਂ ਨੂੰ ਅਪੀਲ ਕੀਤੀ ਕਿ ਹੜ੍ਹ ਪੀੜਤ ਇਲਾਕਿਆਂ ਦੇ ਇਕ-ਇਕ ਪਰਿਵਾਰ ਨੂੰ ਗੋਦ ਲੈਣ ਤੇ ਉਨ੍ਹਾਂ ਨੂੰ ਹਰ ਤਰ੍ਹਾਂ ਦੀ ਮਦਦ ਮੁਹੱਈਆ ਕਰਵਾਉਣ।

--------------------------------------------------------

ਪੰਜਾਬ ਦੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਫਾਜ਼ਿਲਕਾ ਦੇ ਸਰਹੱਦੀ ਪਿੰਡਾਂ ਦਾ ਦੌਰਾ ਕੀਤਾ। ਉਨ੍ਹਾਂ ਦੱਸਿਆ ਕਿ ਹਰੀਕੇ ਹੈੱਡਵਰਕਸ ਤੋਂ ਦੋ ਲੱਖ 44 ਹਜਾਰ ਕਿਊਸਿਕ ਪਾਣੀ ਦੀ ਨਿਕਾਸੀ ਹੋ ਰਹੀ ਏ। ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਫਸਲਾਂ ਦੇ ਹੋਏ ਨੁਕਸਾਨ ਸਬੰਧੀ ਗਿਰਦਾਵਰੀ ਕਰਨ ਦੇ ਹੁਕਮ ਪਹਿਲਾਂ ਹੀ ਦਿੱਤੇ ਹੋਏ ਨੇ ਅਤੇ ਘਰਾਂ ਨੂੰ ਹੋਏ ਨੁਕਸਾਨ ਦਾ ਵੇਰਵਾ ਇਕੱਤਰ ਕੀਤਾ ਜਾਵੇਗਾ ਤੇ ਉਸੇ ਮੁਤਾਬਕ ਮੁਆਵਜਾ ਦਿੱਤਾ ਜਾਵੇਗਾ।

---------------------------------------------------

ਬਿਹਾਰ ਦੇ ਰਾਜਗੀਰ ਵਿਚ ਮਰਦਾਂ ਦੀ ਏਸ਼ੀਆ ਕੱਪ ਹਾਕੀ ਚੈਂਪੀਅਨਸ਼ਿਪ ਵਿਚ ਅੱਜ ਭਾਰਤੀ ਟੀਮ ਦਾ ਮੁਕਾਬਲਾ ਜਾਪਾਨ ਨਾਲ ਹੋਵੇਗਾ। ਹਰਮਨਪ੍ਰੀਤ ਸਿੰਘ ਭਾਰਤੀ ਟੀਮ ਦੇ ਕਪਤਾਨ ਨੇ। ਇਹ ਮੈਚ ਦੁਪਹਿਰੇ 3 ਵਜੇ ਸ਼ੁਰੂ ਹੋਵੇਗਾ।